Dispatch No. I/20809/2020

ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ, ਫਰੀਦਕੋਟ

# ਕਰਫਿਊ ਦੌਰਾਨ ਜਿਲੇ ਦੇ ਭੱਠਿਆਂ ਨੂੰ ਸਵੇਰੇ 8 ਵਜੇ ਤੋਂ ਸ਼ਾਮ 5 ਵਜੇ ਤੱਕ ਚਲਾਉਣ, ਇੱਟਾਂ ਸਪਲਾਈ ਦੀ ਇਜਾਜਤ-ਜ਼ਿਲ੍ਹਾ ਮੈਜਿਸਟਰੇਟ

## ਕਰਫਿਊ ਨਿਯਮਾਂ ਦੀ ਪਾਲਣਾ , ਸਮਾਜਿਕ ਦੂਰੀ ਰੱਖਣ ਦੇ ਆਦੇਸ਼

ਫਰੀਦਕੋਟ, 28 ਅਪ੍ਰੈਲ ( )ਮਿਤੀ 23 ਮਾਰਚ ਰਾਹੀਂ ਕੋਰੋਨਾ ਵਾਇਰਸ ਦੇ ਬਚਾਅ ਲਈ ਜਿਲ੍ਹਾ ਫਰੀਦਕੋਟ ਦੀ ਹਦੂਦ ਅੰਦਰ ਅਗਲੇ ਹੁਕਮਾਂ ਤੱਕ ਕਰਫਿਊ ਲਗਾਇਆ ਗਿਆ ਸੀ ।ਭਾਰਤ ਸਰਕਾਰ ਗ੍ਰਹਿ ਮਾਮਲੇ ਮੰਤਰਾਲਾ ਨਵੀਂ ਦਿੱਲੀ ਵੱਲੋਂ ਜਾਰੀ ਪੱਤਰ ਰਾਹੀਂ ਜਾਰੀ ਕੀਤੀਆਂ ਹਦਾਇਤਾਂ ਅਨੁਸਾਰ ਪੇਂਡੂ ਖੇਤਰਾਂ ਵਿੱਚ ਚਲਦੇ ਉਦਯੋਗਾਂ ਨੂੰ ਮਿਤੀ 20 ਅਪ੍ਰੈਲ ਤੋਂ ਚਲਾਉਣ ਲਈ ਇਜਾਜ਼ਤ ਦਿੱਤੀ ਗਈ ਹੈ ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਜਿਲ੍ਹਾ ਮੈਜਿਸਟ੍ਰੇਟ ਸ੍ਰੀ ਕੁਮਾਰ ਸੌਰਭ ਰਾਜ ਨੇ ਦੱਸਿਆ ਕਿ ਭਾਰਤ ਸਰਕਾਰ ਵੱਲੋਂ ਜਾਰੀ ਹਦਾਇਤਾਂ ਦੀ ਰੋਸ਼ਨੀ ਵਿੱਚ ਆਮ ਲੋਕਾਂ ਦੀ ਸਹੂਲਤ ਲਈ ਜਿਲਾ ਫਰੀਦਕੋਟ ਅੰਦਰ ਭੱਠਾ ਮਾਲਕਾਂ ਨੂੰ ਇੱਟਾਂ ਸੇਲ / ਸਪਲਾਈ ਕਰਨ ਲਈ ਕਰਫਿਊ ਦੇ ਹੁਕਮਾਂ ਤੋਂ ਸਵੇਰੇ 8 ਵਜੇ ਤੋਂ ਸ਼ਾਮ 5 ਵਜੇ ਤੱਕ ਸ਼ਰਤਾਂ ਦੇ ਅਧਾਰ ਤੇ ਛੋਟ ਦਿੱਤੀ ਜਾਂਦੀ ਹੈ । ਉਨ੍ਹਾਂ ਕਿਹਾ ਕਿ ਭੱਠਾ ਮਾਲਕ ਇਹ ਯਕੀਨੀ ਬਣਾਉਣਗੇ ਕਿ ਉਹ ਭਾਰਤ ਸਰਕਾਰ , ਪੰਜਾਬ ਸਰਕਾਰ ਅਤੇ ਇਸ ਦਫਤਰ ਵੱਲੋਂ ਜਾਰੀ ਕੋਵਿਡ - 19 ਸਬੰਧੀ ਹੁਕਮਾਂ ਦੀ ਪਾਲਣਾ ਇੰਨ -ਬਿੰਨ ਯਕੀਨੀ ਬਣਾਉਣਗੇ । ਇਹ ਭੱਠਾ ਮਾਲਕ ਉਕਤ ਕਰਫਿਊ ਹੁਕਮਾਂ ਦੀ ਉਲੰਘਣਾ ਨਹੀਂ ਕਰਨਗੇ ਅਤੇ ਕੰਮ ਕਰਨ ਵਾਲੀ ਲੇਬਰ / ਵਰਕਰ ( ਇੱਟਾਂ ਲੋਡ ਕਰਨ ਅਤੇ ਉਤਾਰਨ ਸਮੇਂ ਇੱਕ ਦੂਸਰੇ ਤੋਂ ਘੱਟ ਤੋਂ ਘੱਟ 2 ਮੀਟਰ ਦੀ ਸਮਾਜਿਕ ਦੂਰੀ ਬਣਾਕੇ ਰੱਖਣਗੇ । ਇਹ ਭੱਠਾ ਮਾਲਕ ਆਪਣੀ ਲੇਬਰ / ਵਰਕਰਾਂ ਲਈ ਰਿਹਾਇਸ਼ ਅਤੇ ਖਾਣੇ ਆਦਿ ਦਾ ਪ੍ਰਬੰਧ ਆਪਣੇ ਭੱਠੇ ਦੇ ਅੰਦਰ ਹੀ ਕਰਨਗੇ ਅਤੇ ਨਾਲ ਹੀ ਆਪਣੇ ਵਰਕਰਾਂ ਦੀ ਸਿਹਤ ਦਾ ਖਾਸ ਧਿਆਨ ਰੱਖਣਗੇ । ਇੱਟਾਂ ਸਪਲਾਈ ਕਰਨ ਸਮੇਂ ਵਹੀਕਲ ਤੇ ਡਰਾਈਵਰ ਤੋਂ ਇਲਾਵਾ ਸਿਰਫ 02 ਲੇਬਰ ਵਾਲੇ ਵਿਅਕਤੀਆਂ ਨੂੰ ਹੀ ਜਾਣ ਦੀ ਇਜਾਜਤ ਹੋਵੇਗੀ ।ਇਹ ਹੁਕਮ ਕਰਫਿਊ/ ਲਾਕ ਡਾਊਨ ਦੌਰਾਨ ਲਾਗੂ ਰਹਿਣਗੇ ।

Dispatch No. I/20814/2020

ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ, ਫਰੀਦਕੋਟ

ਸਿਹਤ ਸਕੀਮਾਂ ਸਬੰਧੀ ਫੋਨ ਕਰਕੇ ਪੈਸਿਆਂ ਦੀ ਠੱਗੀ ਤੋਂ ਸੁਚੇਤ ਰਹਿਣ ਲੋਕ-ਸਿਵਲ ਸਰਜਨ

ਫਰੀਦਕੋਟ 28 ਅਪ੍ਰੈਲ (   ) ਇੱਕ ਪਾਸੇ ਸਿਹਤ ਵਿਭਾਗ ਕੋਰੋਨਾ ਦੀ ਮਹਾਂਮਾਰੀ ਕਰਕੇ ਗਰੀਬ ਅਤੇ ਲੋੜਵੰਦ ਲੋਕਾਂ ਤੱਕ ਵਿਭਾਗ ਦੀਆਂ ਸਿਹਤ ਸੇਵਾਵਾਂ ਪਹੁੰਚਾਉਣ ਲਈ ਹਰ ਸੰਭਵ ਉਪਰਾਲਾ ਕਰ ਰਿਹਾ ਹੈ ਪਰ ਦੂਜੇ ਪਾਸੇ ਕੁਝ ਸ਼ਰਾਰਤੀ ਅਨਸਰਾਂ ਵੱਲੋਂ ਕਿਸੇ ਢੰਗ ਨਾਲ ਗਰਭਵਤੀ ਔਰਤਾਂ ਨੂੰ ਫੋਨ ਕਰਕੇ ਪੈਸਿਆਂ ਦੀ ਠੱਗੀ ਮਾਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਡਾ. ਰਜਿੰਦਰ ਕੁਮਾਰ ਨੇ ਦੱਸਿਆ ਕਿ ਇਸ ਸਬੰਧੀ ਜਾਣਕਾਰੀ ਫੀਲਡ ਸਟਾਫ ਤੋਂ ਵਾਰ-ਵਾਰ ਸੁਨਣ ਨੂੰ ਮਿਲ ਰਹੀਆਂ ਹਨ। ਪੈਸਿਆਂ ਦੀ ਠੱਗੀ ਮਾਰਨ ਲਈ ਠੱਗਾਂ ਵੱਲੋਂ ਗਰਭਵਤੀ ਔਰਤਾਂ ਜਾਂ ਉਨਾਂ ਦੇ ਪਰਿਵਾਰਕ ਮੈਂਬਰਾਂ ਦੇ ਫੋਨ ਨੰਬਰ ਪਤਾ ਕਰਕੇ ਉਨਾਂ ਨੂੰ ਸਰਕਾਰੀ ਸਿਹਤ ਸਕੀਮਾਂ ਦਾ ਝਾਂਸਾ ਦਿੱਤਾ ਜਾ ਰਿਹਾ ਹੈ ਤੇ ਉਨਾਂ ਤੋਂ ਏ.ਟੀ.ਐਮ ਦਾ ਪਾਸਵਰਡ ਅਤੇ ਮੋਬਾਇਲ ਤੇ ਭੇਜਿਆ ਓ.ਟੀ.ਪੀ ਵੀ ਪੁੱਛ ਕੇ ਠੱਗੀ ਮਾਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ ।ਇਸ ਸਬੰਧੀ ਸਿਵਲ ਸਰਜਨ ਨੇ ਸਮੂਹ ਇਲਾਕਾ ਨਿਵਾਸੀਆਂ,ਆਸ਼ਾ,ਆਸ਼ਾ ਫੈਸਿਲੀਟੇਟਰ,ਵਿਭਾਗ ਦੇ ਮੈਡੀਕਲ,ਪੈਰਾ-ਮੈਡੀਕਲ ਅਤੇ ਮਾਸ ਮੀਡੀਆ ਦੀ ਟੀਮ ਨੂੰ ਸੁਚੇਤ ਰਹਿਣ, ਪਬਲਿਕ ਨੂੰ ਜਾਗਰੂਕ ਕਰਨ ਸਬੰਧੀ ਦਿਸ਼ਾ ਨਿਰਦੇਸ਼ ਦੇ ਦਿੱਤੇ ਹਨ ।ਉਨਾਂ ਸਿਹਤ ਸਕੀਮਾਂ ਲੈ ਰਹੇ ਲਾਭਪਤਾਰੀਆਂ ਨੂੰ ਵੀ ਕਿਸੇ ਵੀ ਵਿਅਕਤੀ ਨੂੰ ਆਪਣੀ ਬੈਂਕ ਡਿਟੇਲ ਅਤੇ ਓ.ਟੀ.ਪੀ ਨਾ ਸਾਂਝਾ ਕਰਨ ਦੀ ਸਲਾਹ ਦਿੱਤੀ।

ਫੋਟੋ ਕੈਪਸ਼ਨ-ਸਿਵਲ ਸਰਜਨ ਫਰੀਦਕੋਟ ਡਾ.ਰਜਿੰਦਰ ਕੁਮਾਰ

Dispatch No. I/20815/2020

## ਦਫਤਰ ਜਿਲਾ ਲੋਕ ਸੰਪਰਕ ਅਫਸਰ, ਫਰੀਦਕੋਟ

## ਜਿਲੇ ਦੀਆਂ ਮੰਡੀਆਂ ਵਿੱਚ ਕੱਲ ਤੱਕ 349867 ਮੀਟਰਕ ਟਨ ਕਣਕ ਦੀ ਆਮਦ ਹੋਈ

## ਵੱਖ ਵੱਖ ਖਰੀਦ ਏਜੰਸੀਆਂ ਵੱਲੋਂ 342631 ਮੀਟਰਕ ਟਨ ਕਣਕ ਦੀ ਕੀਤੀ ਗਈ ਖਰੀਦ

## ਹੁਣ ਤੱਕ 175370 ਮੀਟਰਕ ਟਨ ਦੀ ਲਿਫਟਿੰਗ ਹੋਈ

ਫਰੀਦਕੋਟ 28 ਅਪ੍ਰੈਲ ( ) ਜਿਲਾ ਖੁਰਾਕ ਤੇ ਸਪਲਾਈ ਕੰਟਰੋਲਰ ਸ੍ਰੀ ਜਸਪ੍ਰੀਤ ਸਿੰਘ ਕਾਹਲੋਂ ਨੇ ਦੱਸਿਆ ਕਿ ਜਿਲੇ ਦੀਆਂ ਮੰਡੀਆਂ ਵਿੱਚ ਕੱਲ ਤੱਕ 349867 ਮੀਟਰਕ ਟਨ ਕਣਕ ਦੀ ਆਮਦ ਹੋਈ ਹੈ ਜਿਸ ਵਿਚੋਂ ਖਰੀਦ ਏਜੰਸੀਆਂ ਵੱਲੋਂ 342631 ਮੀਟਰਕ ਟਨ ਕਣਕ ਦੀ ਖਰੀਦ ਕੀਤੀ ਗਈ ਹੈ। ਉਨਾਂ ਦੱਸਿਆ ਕਿ ਕੱਲ ਸ਼ਾਮ ਤੱਕ ਪਨਗ੍ਰੇਨ ਵੱਲੋਂ 117435 ਮੀਟਰਕ ਟਨ, ਮਾਰਕਫੈੱਡ ਵੱਲੋਂ 79131 ਮੀਟਰਕ ਟਨ,ਪਨਸਪ ਵੱਲੋਂ 76595 ਮੀਟਰਕ ਟਨ ,ਪੰਜਾਬ ਸਟੇਟ ਵੇਅਰ ਹਾਊਸ ਕਾਰਪੋਰੇਸ਼ਨ ਵੱਲੋਂ 46310 ਮੀਟਰਿਕ ਟਨ ਅਤੇ ਐਫ ਸੀ ਆਈ ਵੱਲੋਂ 23160 ਮੀਟਰਿਕ ਟਨ ਕਣਕ ਦੀ ਖਰੀਦ ਕੀਤੀ ਗਈ ਹੈ ਅਤੇ ਲਿਫਟਿੰਗ ਦਾ ਕੰਮ ਵੀ ਤੇਜੀ ਨਾਲ ਚਲ ਰਿਹਾ ਹੈ।ਜਿਲ੍ਹੇ ਦੇ ਖਰੀਦ ਕੇਂਦਰਾਂ ਵਿੱਚ ਹੁਣ ਤੱਕ 175370 ਮੀਟਰਕ ਟਨ ਦੀ ਲਿਫਟਿੰਗ ਹੋ ਚੁੱਕੀ ਹੈ ਤੇ ਆਉਣ ਵਾਲੇ ਦਿਨਾਂ ਵਿੱਚ ਇਸ ਵਿੱਚ ਹੋਰ ਤੇਜ਼ੀ ਆਵੇਗੀ।

Dispatch no. I/20834/2020

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ ਫ਼ਰੀਦਕੋਟ

ਨਗਰ ਕੌਂਸਲ ਫਰੀਦਕੋਟ ਦਾ ਲੋਕਾਂ ਨੂੰ ਕਰੋਨਾ ਪ੍ਰਤੀ ਜਾਗਰਿਤ ਕਰਨ ਦਾ ਵਿਲੱਖਣ ਉਪਰਾਲਾ

ਪੇਂਟਿੰਗ ਤੇ ਸਲੋਗਨ ਰਾਹੀਂ ਲੋਕਾਂ ਨੂੰ ਮਹਾਂਮਾਰੀ ਤੋਂ ਬਚਣ ਲਈ ਘਰਾਂ ਵਿੱਚ ਰਹਿਣ ਦੀ ਅਪੀਲ

ਫ਼ਰੀਦਕੋਟ , 28 ਅਪ੍ਰੈਲ

ਕਰੋਨਾ ਮਹਾਮਾਰੀ ਦੇ ਪਸਾਰ ਨੂੰ ਅੱਗੇ ਵਧਣ ਤੋਂ ਰੋਕਣ ਅਤੇ ਲੋਕਾਂ ਨੂੰ ਇਸ ਮਹਾਂਮਾਰੀ ਤੋਂ ਬਚਾਉਣ ਲਈ ਜ਼ਿਲਾ ਮੈਜਿਸਟਰੇਟ ਸ੍ਰੀ ਕੁਮਾਰ ਸੌਰਭ ਰਾਜ ਵੱਲੋਂ ਸਮੁੱਚੇ ਜ਼ਿਲੇ ਵਿੱਚ ਕਰਫਿਊ ਲਗਾਇਆ ਗਿਆ ਹੈ ।ਜਿਸ ਤਹਿਤ ਜ਼ਿਲਾ ਪ੍ਰਸ਼ਾਸਨ ,ਪੁਲੀਸ ਪ੍ਰਸ਼ਾਸਨ ,ਸਿਹਤ ਵਿਭਾਗ ,ਨਗਰ ਕੌਂਸਲਾਂ ਸਮੇਤ ਸਮੁੱਚੇ ਵਿਭਾਗਾਂ ਦੇ ਅਧਿਕਾਰੀ ਅਤੇ ਵੱਖ ਵੱਖ ਸਵੈ ਸੇਵੀ ਸੰਸਥਾਵਾਂ ਲੋਕਾਂ ਦੀ ਸੇਵਾ ਵਿੱਚ ਲੱਗੇ ਹੋਏ ਹਨ ।

ਨਗਰ ਕੌਂਸਲ ਫਰੀਦਕੋਟ ਵੱਲੋਂ ਈ ਓ ਸ਼੍ਰੀ ਅੰਮ੍ਰਿਤ ਲਾਲ ਦੀ ਅਗਵਾਈ ਵਿੱਚ ਜਿੱਥੇ ਕਰਫ਼ਿਊ ਦੌਰਾਨ ਲੋਕਾਂ ਨੂੰ ਉਨਾਂ ਦੇ ਘਰਾਂ ਤੱਕ ਸਹੂਲਤਾਂ ਮੁਹੱਈਆ ਕਰਵਾਉਣ ਦੇ ਉਪਰਾਲੇ ਕੀਤੇ ਜਾ ਰਹੇ ਹਨ ਅਤੇ ਇਸ ਤੋਂ ਇਲਾਵਾ ਸ਼ਹਿਰ ਵਿੱਚ ਸਫ਼ਾਈ ,ਸ਼ਹਿਰ ਨੂੰ ਰੋਗਾਣੂ ਮੁਕਤ ਕਰਨ ਲਈ ਵੀ ਵੱਡੀ ਪੱਧਰ ਤੇ ਮੁਹਿੰਮ ਵਿੱਢੀ ਹੋਈ ਹੈ ।ਨਗਰ ਕੌਂਸਲ ਵੱਲੋਂ ਲੋਕਾਂ ਨੂੰ ਕਰੋਨਾ ਵਰਗੀ ਮਹਾਂਮਾਰੀ ਪ੍ਰਤੀ ਜਾਗਰੂਕ ਕਰਨ ਅਤੇ ਇਸ ਨੂੰ ਰੋਕਣ ਲਈ ਘਰਾਂ ਵਿੱਚ ਰਹਿਣ ਲਈ ਪ੍ਰੇਰਿਤ ਕਰਨ ਦਾ ਵਿਲੱਖਣ ਤਰੀਕਾ ਲੱਭਿਆ ਹੈ ।ਲੋਕਾਂ ਨੂੰ ਵੱਖ ਵੱਖ ਪੇਂਟਿੰਗਜ਼ , ਸਲੋਗਨ ਰਾਹੀਂ ਘਰਾਂ ਵਿੱਚ ਰਹਿਣ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ।

ਨਗਰ ਕਾਸਲ ਦੇ ਚੀਫ਼ ਸੈਨੇਟਰੀ ਇੰਸਪੈਕਟਰ ਹਰਵਿੰਦਰ ਸਿੰਘ ਭੁੱਲਰ ਨੇ ਦੱਸਿਆ ਕਿ ਕਰਫ਼ਿਊ ਦੌਰਾਨ ਲੋਕਾਂ ਨੂੰ ਘਰਾਂ ਵਿੱਚ ਰਹਿਣ ਦੇ ਸੰਦੇਸ਼ ਦਿੰਦੀਆਂ ਪੇਂਟਿੰਗ ਸ਼ਹਿਰ ਦੇ ਵੱਖ ਵੱਖ ਚੌਕਾਂ ,ਸੜਕਾਂ ਤੇ ਕੀਤੀਆਂ ਗਈਆਂ ਹਨ ਅਤੇ ਉਨਾਂ ਦੀਆਂ ਤਸਵੀਰਾਂ ਸੋਸ਼ਲ ਮੀਡੀਆ ਤੇ ਪਾ ਕੇ ਲੋਕਾਂ ਨੂੰ ਘਰਾਂ ਵਿਚ ਰਹਿਣ ਦੀ ਅਪੀਲ ਕੀਤੀ ਗਈ ਹੈ ।ਉਨਾਂ ਦੱਸਿਆ ਕਿ ਸ਼ਹਿਰ ਦੇ ਭਾਈ ਘਨੱਈਆ ਚੌਕ ,ਕੋਤਵਾਲੀ ਚੌਕ ,ਡਾਲਫ਼ਿਨ ਚੌਕ ,ਫੁਹਾਰਾ ਚੌਕ ਸਮੇਤ ਹੋਰ ਕਈ ਸੜਕਾਂ ਅਤੇ ਥਾਵਾਂ ਤੇ ਪੇਂਟਿੰਗਜ਼ ਬਣਾਈਆਂ ਗਈਆਂ ਹਨ ,ਜਿਨਾਂ ਤੇ ਘਰਾਂ ਵਿੱਚ ਰਹੋ ਸੁਰੱਖਿਅਤ ਰਹੋ , ਕਰੋਨਾ ਖਿਲਾਫ ਜੇ ਜਿੱਤਣੀ ਜੰਗ ਕਰੋ ਸਹਿਯੋਗ ਪ੍ਰਸ਼ਾਸਨ ਦੇ ਸੰਗ, ਸਟੇਅ ਹੋਮ-ਘਰਾਂ ਵਿੱਚ ਰਹੋ ,ਕਰੋਨਾ ਤੋਂ ਬਚੋ ਅਤੇ ਬਾਹਰ ਨਿਕਲਣ ਤੇ ਲਾਓ ਰੋਕ ਵਰਗੇ ਸਲੋਗਨ ਲਿਖ ਕੇ ਲੋਕਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ ।ਉਨਾਂ ਇਹ ਵੀ ਦੱਸਿਆ ਕਿ ਇਹ ਤਸਵੀਰਾਂ ਸੋਸ਼ਲ ਮੀਡੀਆ ਤੇ ਪਾ ਕੇ ਲੋਕਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ ਤੇ ਉਨਾਂ ਨੂੰ ਕਰੋਨਾ ਤੋਂ ਸੁਰੱਖਿਅਤ ਰਹਿਣ ਲਈ ਘਰਾਂ ਵਿੱਚ ਰਹਿਣ ਦੀ ਅਪੀਲ ਕੀਤੀ ਗਈ ਹੈ ।ਉਨਾਂ ਕਿਹਾ ਕਿ ਲੋਕਾਂ ਵੱਲੋਂ ਸੋਸ਼ਲ ਮੀਡੀਆ ਤੇ ਇੰਨਾਂ ਸਲੋਗਨ ਨੂੰ ਬਹੁਤ ਪਸੰਦ ਕੀਤਾ ਜਾ ਰਿਹਾ ਹੈ ।

Dispatch No. I/20850/2020

ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ, ਫਰੀਦਕੋਟ

ਐਨ.ਆਰ.ਐਲ.ਐਮ ਸਕੀਮ ਵੱਲੋਂ ਤਿਆਰ ਕੀਤੇ ਜਾ ਰਹੇ ਹਨ ਕੱਪੜੇ ਦੇ ਮਾਸਕ : ਏ.ਡੀ.ਸੀ (ਡੀ)

ਫਰੀਦਕੋਟ 28 ਅਪ੍ਰੈਲ ( ) ਕੋਰੋਨਾ ਵਾਇਰਸ ਦੇ ਫੈਲਾਅ ਨੂੰ ਅੱਗੇ ਵੱਧਣ ਤੋਂ ਰੋਕਣ ਲਈ ਵਧੀਕ ਡਿਪਟੀ ਕਮਿਸ਼ਨਰ (ਵਿ) ਸ਼੍ਰੀ ਪ੍ਰੀਤ ਮਹਿੰਦਰ ਸਿੰਘ ਸਹੋਤਾ ਵੱਲੋਂ ਕੋਰੋਨਾ ਵਾਇਰਸ (ਕੋਵਿਡ-19) ਦੀ ਰੋਕਥਾਮ ਲਈ ਕੱਪੜੇ ਦੇ ਮਾਸਕ ਬਣਾਉਣ ਲਈ ਐਨ.ਆਰ.ਐਲ.ਐਮ ਸਕੀਮ ਅਧੀਨ ਸੈਲਫ ਹੈਲਪ ਗਰੁੱਪਾਂ ਨੂੰ ਨਿਰਦੇਸ਼ ਦਿੱਤੇ ਗਏ ਹਨ, ਤਾਂ ਜੋ ਜਲਦੀ ਤੋਂ ਜਲਦੀ ਮਾਸਕ ਬਣਾ ਕੇ ਲੋੜਵੰਦਾਂ ਨੂੰ ਦਿੱਤੇ ਜਾ ਸਕਣ। ਉਨ੍ਹਾਂ ਦੱਸਿਆ ਕਿ ਬਲਾਕ ਫਰੀਦਕੋਟ ਵਿੱਚ 5000 ਮਾਸਕ ਦਿੱਤੇ ਜਾ ਚੁੱਕੇ ਹਨ ਅਤੇ ਜਲਦ ਹੀ ਬਲਾਕ ਕੋਟਕਪੂਰਾ ਅਤੇ ਬਲਾਕ ਜੈਤੋ ਵਿੱਚ 10,000 ਮਾਸਕ ਵੰਡੇ ਜਾਣਗੇ। ਉਹਨਾਂ ਅੱਗੇ ਦੱਸਿਆ ਕਿ ਇਸ ਦਾ ਮਕਸਦ ਨਾਗਰਿਕਾ ਨੂੰ ਕੋਰੋਨਾ ਮਹਾਂਮਾਰੀ ਤੋਂ ਬਚਾਉਣ ਲਈ ਉਹ ਹਰ ਪ੍ਰਬੰਧ ਕਰਨਾ ਹੈ, ਜੋ ਅਸੀਂ ਕਰ ਸਕਦੇ ਹਾਂ। ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦੇ ਹੋਏ ਸ਼੍ਰੀ ਬਲਜਿੰਦਰ ਸਿੰਘ ਬਾਜਵਾ, ਜਿਲਾ ਇੰਚਾਰਜ ਐਨ.ਆਰ.ਐਲ.ਐਮ ਨੇ ਦੱਸਿਆ ਕਿ ਸਰਕਾਰੀ ਹਦਾਇਤਾਂ ਅਨੁਸਾਰ ਹਰ ਇੱਕ ਨਾਗਰਿਕ ਨੂੰ ਕੋਰੋਨਾ ਵਾਇਰਸ ਮਹਾਂਮਾਰੀ ਤੋਂ ਬਚਣ ਲਈ ਮਾਸਕ ਪਹਿਨਣਾ ਲਾਜ਼ਮੀ ਹੈ। ਉਹਨਾਂ ਕਿਹਾ ਕਿ ਕਿਸੇ ਵੀ ਵਿਅਕਤੀ ਨੂੰ ਮਿਲਦੇ ਸਮੇਂ ਹੱਥ ਨਾ ਮਿਲਾਓ ਅਤੇ ਦੋ ਗਜ ਦੀ ਦੂਰੀ ਤੇ ਖੜੋ। ਉਹਨਾਂ ਅਪੀਲ ਕਰਦਿਆਂ ਕਿਹਾ ਕਿ ਬਾਹਰੋਂ ਲਿਆਂਦੀ ਕਿਸੇ ਵੀ ਵਸਤੂ ਨੂੰ ਚੰਗੀ ਤਰਾਂ ਰੋਗਾਣੂ ਮੁਕਤ ਕਰਨ ਤੋਂ ਬਾਅਦ ਹੀ ਵਰਤੋਂ ਵਿੱਚ ਲਿਆਂਦਾ ਜਾਵੇ। ਘਰ ਆ ਕੇ ਘੱਟੋ ਘੱਟ 20 ਸਕਿੰਟ ਲਈ ਕਿਸੇ ਵੀ ਸਾਬਣ ਨਾਲ ਚੰਗੀ ਤਰਾਂ ਹੱਥ ਧੋਵੋ ਅਤੇ ਚਿਹਰੇ ਤੇ ਨੰਗਾ ਹੱਥ ਨਾਂ ਲਾਉ।

ਕਿਸੇ ਵੀ ਵਿਅਕਤੀ ਨੂੰ ਖੰਘ, ਬੁਖਾਰ ਅਤੇ ਛਿੱਕਾ ਦੀ ਸ਼ਿਕਾਇਤ ਹੋਣ ਤੇ ਜਲਦੀ ਤੋਂ ਜਲਦੀ ਨੇੜਲੇ ਸਰਕਾਰੀ ਹਸਪਤਾਲ ਤੋਂ ਆਪਣੀ ਜਾਂਚ ਕਰਵਾਉ। ਸਿਰਫ ਬਹੁਤ ਜਿਆਦਾ ਜ਼ਰੂਰੀ ਕੰਮ ਹੋਣ ਤੇ ਹੀ ਘਰੋਂ ਬਾਹਰ ਨਿਕਲੋ। ਇਹ ਕੱਪੜੇ ਦੇ ਮਾਸਕ ਚੰਗੀ ਤਰਾਂ ਧੋ ਕਿ ਦੁਬਾਰਾ ਵਰਤੋਂ ਵਿੱਚ ਲਿਆਂਦੇ ਜਾ ਸਕਦੇ ਹਨ। ਸਾਰੇ ਨਾਗਰਿਕਾ ਨੂੰ ਪੰਜਾਬ ਸਰਕਾਰ ਦੁਆਰਾ ਦਿੱਤੀਆਂ ਹਦਾਇਤਾਂ ਦੀ ਪਾਲਣਾ ਕਰਨੀ ਚਾਹੀਦੀ ਹੈ। ਇਸ ਕੰਮ ਨੂੰ ਨੇਪਰੇ ਚਾੜਨ ਲਈ ਐਨ.ਆਰ.ਐਲ.ਐਮ ਕਰਮਚਾਰੀ ਸ਼੍ਰੀ ਗੁਰਪ੍ਰੀਤ ਸਿੰਘ (ਬੀ.ਪੀ.ਐਮ), ਸ਼੍ਰੀ ਹਰਸਹਾਏ ਸਿੰਘ (ਐਮ.ਆਈ.ਐਸ) ਅਤੇ ਸ਼੍ਰੀ ਧਰਮਚੰਦ (ਕਲੱਸਟਰ-ਕੋ-ਆਡੀਨੇਟਰ) ਵਧੀਕ ਡਿਪਟੀ ਕਮਿਸ਼ਨਰ (ਵਿ) ਫਰੀਦਕੋਟ ਦੇ ਨਿਰਦੇਸ਼ਾਂ ਹੇਠ ਕੰਮ ਕਰ ਰਹੇ ਹਨ।

**Dispatch No. :** I/20838/2020

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਫਰੀਦਕੋਟ

ਨੰਦੇੜ ਵਿਖੇ ਫਸੇ ਜ਼ਿਲ੍ਹਾ ਫਰੀਦਕੋਟ ਦੇ 20 ਸ਼ਰਧਾਲੂ ਬੀਤੀ ਰਾਤ ਪਿੰਡ ਸੰਧਵਾਂ ਵਿਖੇ ਪਹੁੰਚੇ

ਮੁੱਖ ਮੰਤਰੀ ਪੰਜਾਬ ਦੀਆਂ ਕੋਸ਼ਿਸ਼ਾਂ ਨਾਲ ਸੁਰੱਖਿਅਤ ਘਰ ਵਾਪਸੀ ਲਈ ਪੰਜਾਬ ਸਰਕਾਰ ਦਾ ਕੀਤਾ ਧੰਨਵਾਦ

ਫਰੀਦਕੋਟ, 28 ਅਪ੍ਰੈਲ 2020 ( ) ਬੀਤੀ ਰਾਤ ਜਿਲ੍ਹੇ ਦੇ ਪਿੰਡ ਸੰਧਵਾਂ ਨਾਲ ਸਬੰਧਤ 20 ਸ਼ਰਧਾਲੂਆਂ ਦਾ ਜਥਾ ਸ੍ਰੀ ਹਜੂਰ ਸਾਹਿਬ ਨੰਦੇੜ ਤੋਂ ਪਿੰਡ ਸੰਧਵਾਂ ਵਿਖੇ ਪਹੁੰਚਿਆ। ਜਿਨ੍ਹਾਂ ਨੂੰ ਜਿਲ੍ਹਾ ਪ੍ਰਸ਼ਾਸਨ ਵੱਲੋ ਇਥੋਂ ਦੇ ਸਰਕਾਰੀ ਸਕੂਲ ਵਿਖੇ ਇਕਾਂਤਵਾਸ ਕਰ ਦਿੱਤਾ ਗਿਆ ਹੈ। ਉਥੇ ਪਹੁੰਚਣ ਤੇ ਸਿਹਤ ਵਿਭਾਗ ਦੇ ਅਧਿਕਾਰੀਆਂ ਵੱਲੋਂ ਇਨ੍ਹਾਂ ਦਾ ਮੈਡੀਕਲ ਚੈਕਅਪ ਕੀਤਾ ਗਿਆ ਅਤੇ ਕਰੋਨਾ ਵਾਇਰਸ ਦੀ ਜਾਂਚ ਲਈ ਸੈਂਪਲ ਇਕੱਤਰ ਕੀਤੇ ਗਏ।

ਇਸ ਮੌਕੇ ਸ਼ਰਧਾਲੂ ਬਲਦੇਵ ਸਿੰਘ ਅਤੇ ਆਤਮਾ ਸਿੰਘ ਆਦਿ ਨੇ ਮੁੱਖ ਮੰਤਰੀ ਪੰਜਾਬ ਕੈਪਟਨ ਅਮਰਿੰਦਰ ਸਿੰਘ ਦੀ ਪਹਿਲ ਨਾਲ ਕੇਂਦਰ ਸਰਕਾਰ, ਪੰਜਾਬ ਸਰਕਾਰ ਅਤੇ ਮਹਾਰਾਸ਼ਟਰ ਦੀ ਸਰਕਾਰ ਦੀਆਂ ਸਾਂਝੀਆਂ ਕੋਸ਼ਿਸ਼ਾਂ ਸਦਕਾ ਤਖ਼ਤ ਸ੍ਰੀ ਹਜ਼ੂਰ ਸਾਹਿਬ ਨੰਦੇੜ ਵਿਖੇ ਫਸੇ ਜ਼ਿਲ੍ਹਾ ਫਰੀਦਕੋਟ ਦੇ 20 ਸ਼ਰਧਾਲੂ ਬੀਤੀ ਰਾਤ ਪਹੁੰਚੇ। ਜਿਨ੍ਹਾਂ ਵਿਚ 9 ਮਰਦ ਅਤੇ 11 ਔਰਤਾਂ ਸ਼ਾਮਲ ਹਨ। ਜਿੱਥੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਉਹਨਾਂ ਲਈ ਖਾਣ-ਪੀਣ ਦਾ ਵਿਸ਼ੇਸ ਪ੍ਰਬੰਧ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਪਿੰਡ ਸੰਧਵਾਂ ਤੋਂ 45 ਸ਼ਰਧਾਲੂਆਂ ਦਾ ਜਥਾ ਸ੍ਰੀ ਹਜੂਰ ਸਾਹਿਬ ਦੇ ਦਰਸ਼ਨਾਂ ਲਈ ਰਵਾਨਾ ਹੋਇਆ ਸੀ। ਉਨ੍ਹਾਂ ਕਿਹਾ ਕਿ ਬਾਕੀ ਦੇ 25 ਸ਼ਰਧਾਲੂ ਪੰਜਾਬ ਸਰਕਾਰ ਵੱਲੋਂ ਭੇਜੀਆਂ ਗਈਆਂ ਬੱਸਾਂ ਰਾਹੀਂ ਵਾਪਸ ਆਪਣੇ ਪਿੰਡ ਪਰਤ ਰਹੇ ਹਨ। ਇਸ ਮੌਕੇ ਸ਼ਰਧਾਲੂਆਂ ਨੇ ਇਹ ਵੀ ਦੱਸਿਆ ਕਿ 23 ਮਾਰਚ ਨੂੰ ਲਾੱਕਡਾਊਨ ਹੋਣ ਕਾਰਨ ਕੋਈ ਵੀ ਸਾਧਨ ਨਹੀਂ ਚੱਲ ਰਿਹਾ ਸੀ, ਸੋ ਉਹ ਉਥੇ ਫਸ ਗਏ। ਇਸ ਮਗਰੋਂ ਮੁੱਖ ਮੰਤਰੀ ਪੰਜਾਬ ਦੀਆਂ ਕੋਸ਼ਿਸ਼ਾਂ ਨਾਲ ਸਾਡੀ ਸੁਰੱਖਿਅਤ ਆਪਣੇ ਘਰ ਵਾਪਸੀ ਹੋਈ ਹੈ, ਜਿਸ ਲਈ ਅਸੀਂ ਪੰਜਾਬ ਸਰਕਾਰ ਦਾ ਧੰਨਵਾਦ ਕਰਦੇ ਹਾਂ।

ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਸ੍ਰੀ ਕੁਮਾਰ ਸੌਰਭ ਰਾਜ ਨੇ ਦੱਸਿਆ ਕਿ ਪੰਜਾਬ ਸਰਕਾਰ ਦੇ ਆਦੇਸ਼ਾਂ ਅਨੁਸਾਰ ਸ੍ਰੀ ਹਜੂਰ ਸਾਹਿਬ ਤੋਂ ਆਉਣ ਵਾਲੇ ਸ਼ਰਧਾਲੂਆਂ, ਕੋਟਾ (ਰਾਜਸਥਾਨ) ਤੋਂ ਆਉਣ ਵਾਲੇ ਵਿਦਿਆਰਥੀਆਂ ਤੇ ਰਾਜਸਥਾਨ ਜਾਂ ਹੋਰ ਸੂਬਿਆਂ ਤੋਂ ਆ ਰਹੀ ਲੇਬਰ ਨੂੰ ਜਿਲ੍ਹਾ ਪ੍ਰਸ਼ਾਸਨ ਵੱਲੋਂ ਇਕਾਂਤਵਾਸ ਵਿਚ ਰੱਖਿਆ ਜਾਵੇਗਾ ਅਤੇ ਮੈਡੀਕਲ ਜਾਂਚ ਉਪਰੰਤ ਇਨ੍ਹਾਂ ਦੇ ਸੈਂਪਲ ਟੈਸਟਿੰਗ ਲਈ ਭੇਜੇ ਜਾਣਗੇ।